ਦੁਖ ਭੰਜਨੀ ਸਾਹਿਬ

(੧)

ਗਉੜੀ ਮਹਲਾ ੫ ਮਾਂਝ ॥
ਦੁਖ ਭੰਜਨੁ ਤੇਰਾ ਨਾਮੁ ਜੀ ਦੁਖ ਭੰਜਨੁ ਤੇਰਾ ਨਾਮੁ ॥ ਆਠ ਪਹਰ ਆਰਾਧੀਐ ਪੂਰਨ ਸਤਿਗੁਰ ਗਿਆਨੁ ॥੧॥ ਰਹਾਉ ॥
ਜਿਤੁ ਘਟਿ ਵਸੈ ਪਾਰਬ੍ਰਹਮੁ ਸੋਈ ਸੁਹਾਵਾ ਥਾਉ ॥ ਜਮ ਕੰਕਰੁ ਨੇੜਿ ਨ ਆਵਈ ਰਸਨਾ ਹਰਿ ਗੁਣ ਗਾਉ ॥੧॥
ਸੇਵਾ ਸੁਰਤਿ ਨ ਜਾਣੀਆ ਨਾ ਜਾਪੈ ਆਰਾਧਿ ॥ ਓਟ ਤੇਰੀ ਜਗਜੀਵਨਾ ਮੇਰੇ ਠਾਕੁਰ ਅਗਮ ਅਗਾਧਿ ॥੨॥
ਭਏ ਕ੍ਰਿਪਾਲ ਗੁਸਾਈਆ ਨਠੇ ਸੋਗ ਸੰਤਾਪ ॥ ਤਤੀ ਵਾਉ ਨ ਲਗਈ ਸਤਿਗੁਰਿ ਰਖੇ ਆਪਿ ॥੩॥
ਗੁਰੁ ਨਾਰਾਇਣੁ ਦਯੁ ਗੁਰੁ ਗੁਰੁ ਸਚਾ ਸਿਰਜਣਹਾਰੁ ॥ ਗੁਰਿ ਤੁਠੈ ਸਭ ਕਿਛੁ ਪਾਇਆ ਜਨ ਨਾਨਕ ਸਦ ਬਲਿਹਾਰ ॥੪॥੨॥੧੭੦॥

(੨)

ਗਉੜੀ ਮਹਲਾ ੫ ॥
ਸੂਕੇ ਹਰੇ ਕੀਏ ਖਿਨ ਮਾਹੇ ॥ ਅੰਮ੍ਰਿਤ ਦ੍ਰਿਸਟਿ ਸੰਚਿ ਜੀਵਾਏ ॥੧॥
ਕਾਟੇ ਕਸਟ ਪੂਰੇ ਗੁਰਦੇਵ ॥ ਸੇਵਕ ਕਉ ਦੀਨੀ ਅਪੁਨੀ ਸੇਵ ॥੧॥ ਰਹਾਉ ॥
ਮਿਟਿ ਗਈ ਚਿੰਤ ਪੁਨੀ ਮਨ ਆਸਾ ॥ ਕਰੀ ਦਇਆ ਸਤਿਗੁਰਿ ਗੁਣਤਾਸਾ ॥੨॥
ਦੁਖ ਨਾਠੇ ਸੁਖ ਆਇ ਸਮਾਏ ॥ ਢੀਲ ਨ ਪਰੀ ਜਾ ਗੁਰਿ ਫੁਰਮਾਏ ॥੩॥
ਇਛ ਪੁਨੀ ਪੂਰੇ ਗੁਰ ਮਿਲੇ ॥ ਨਾਨਕ ਤੇ ਜਨ ਸੁਫਲ ਫਲੇ ॥੪॥੫੮॥੧੨੭॥

(੩)

ਗਉੜੀ ਮਹਲਾ ੫ ॥
ਤਾਪ ਗਏ ਪਾਈ ਪ੍ਰਭਿ ਸਾਂਤਿ ॥ ਸੀਤਲ ਭਏ ਕੀਨੀ ਪ੍ਰਭ ਦਾਤਿ ॥੧॥
ਪ੍ਰਭ ਕਿਰਪਾ ਤੇ ਭਏ ਸੁਹੇਲੇ ॥ ਜਨਮ ਜਨਮ ਕੇ ਬਿਛੁਰੇ ਮੇਲੇ ॥੧॥ ਰਹਾਉ ॥
ਸਿਮਰਤ ਸਿਮਰਤ ਪ੍ਰਭ ਕਾ ਨਾਉ ॥ ਸਗਲ ਰੋਗ ਕਾ ਬਿਨਸਿਆ ਥਾਉ ॥੨॥

ਸਹਜਿ ਸੁਭਾਇ ਬੋਲੈ ਹਰਿ ਬਾਣੀ ॥ ਆਠ ਪਹਰ ਪ੍ਰਭ ਸਿਮਰਹੁ ਪ੍ਰਾਣੀ ॥੩॥
ਦੂਖੁ ਦਰਦੁ ਜਮੁ ਨੇੜਿ ਨ ਆਵੈ ॥ ਕਹੁ ਨਾਨਕ ਜੋ ਹਰਿ ਗੁਨ ਗਾਵੈ ॥੪॥੫੯॥੧੨੮॥
(੪)
ਗਉੜੀ ਮਹਲਾ ੫ ॥
ਕੋਟਿ ਬਿਘਨ ਹਿਰੇ ਖਿਨ ਮਾਹਿ ॥ ਹਰਿ ਹਰਿ ਕਥਾ ਸਾਧਸੰਗਿ ਸੁਨਾਹਿ ॥੧॥
ਪੀਵਤ ਰਾਮ ਰਸੁ ਅੰਮ੍ਰਿਤ ਗੁਣ ਜਾਸੁ ॥ ਜਪਿ ਹਰਿ ਚਰਣ ਮਿਟੀ ਖੁਧਿ ਤਾਸੁ ॥੧॥ ਰਹਾਉ ॥
ਸਰਬ ਕਲਿਆਣ ਸੁਖ ਸਹਜ ਨਿਧਾਨ ॥ ਜਾ ਕੈ ਰਿਦੈ ਵਸਹਿ ਭਗਵਾਨ ॥੨॥
ਅਉਖਧ ਮੰਤ੍ਰ ਤੰਤ ਸਭਿ ਛਾਰੁ ॥ ਕਰਣੈਹਾਰੁ ਰਿਦੇ ਮਹਿ ਧਾਰੁ ॥੩॥
ਤਜਿ ਸਭਿ ਭਰਮ ਭਜਿਓ ਪਾਰਬ੍ਰਹਮੁ ॥ ਕਹੁ ਨਾਨਕ ਅਟਲ ਇਹੁ ਧਰਮੁ ॥੪॥੮੦॥੧੪੯॥
(੫)
ਗਉੜੀ ਮਹਲਾ ੫ ॥
ਸਾਂਤਿ ਭਈ ਗੁਰ ਗੋਬਿਦਿ ਪਾਈ ॥ ਤਾਪ ਪਾਪ ਬਿਨਸੇ ਮੇਰੇ ਭਾਈ ॥੧॥ ਰਹਾਉ ॥
ਰਾਮ ਨਾਮੁ ਨਿਤ ਰਸਨ ਬਖਾਨ ॥ ਬਿਨਸੇ ਰੋਗ ਭਏ ਕਲਿਆਨ ॥੧॥
ਪਾਰਬ੍ਰਹਮ ਗੁਣ ਅਗਮ ਬੀਚਾਰ ॥ ਸਾਧੂ ਸੰਗਮਿ ਹੈ ਨਿਸਤਾਰ ॥੨॥
ਨਿਰਮਲ ਗੁਣ ਗਾਵਹੁ ਨਿਤ ਨੀਤ ॥ ਗਈ ਬਿਆਧਿ ਉਬਰੇ ਜਨ ਮੀਤ ॥੩॥
ਮਨ ਬਚ ਕ੍ਰਮ ਪ੍ਰਭੁ ਅਪਨਾ ਧਿਆਈ ॥ ਨਾਨਕ ਦਾਸ ਤੇਰੀ ਸਰਣਾਈ ॥੪॥੧੦੨॥੧੭੧॥
(੬)
ਗਉੜੀ ਮਹਲਾ ੫ ॥
ਨੇਤ੍ਰ ਪ੍ਰਗਾਸੁ ਕੀਆ ਗੁਰਦੇਵ ॥ ਭਰਮ ਗਏ ਪੂਰਨ ਭਈ ਸੇਵ ॥੧॥ ਰਹਾਉ ॥
ਸੀਤਲਾ ਤੇ ਰਖਿਆ ਬਿਹਾਰੀ ॥ ਪਾਰਬ੍ਰਹਮ ਪ੍ਰਭ ਕਿਰਪਾ ਧਾਰੀ ॥੧॥
ਨਾਨਕ ਨਾਮੁ ਜਪੈ ਸੋ ਜੀਵੈ ॥ ਸਾਧਸੰਗਿ ਹਰਿ ਅੰਮ੍ਰਿਤੁ ਪੀਵੈ ॥੨॥੧੦੩॥੧੭੨॥
(੭)
ਗਉੜੀ ਮਹਲਾ ੫ ॥
ਥਿਰੁ ਘਰਿ ਬੈਸਹੁ ਹਰਿ ਜਨ ਪਿਆਰੇ ॥ ਸਤਿਗੁਰਿ ਤੁਮਰੇ ਕਾਜ ਸਵਾਰੇ ॥੧॥ ਰਹਾਉ ॥
ਦੁਸਟ ਦੂਤ ਪਰਮੇਸਰਿ ਮਾਰੇ ॥ ਜਨ ਕੀ ਪੈਜ ਰਖੀ ਕਰਤਾਰੇ ॥੧॥
ਬਾਦਿਸਾਹ ਸਾਹ ਸਭ ਵਸਿ ਕਰਿ ਦੀਨੇ ॥ ਅੰਮ੍ਰਿਤ ਨਾਮ ਮਹਾ ਰਸ ਪੀਨੇ ॥੨॥

ਨਿਰਭਉ ਹੋਇ ਭਜਹੁ ਭਗਵਾਨ ॥ ਸਾਧਸੰਗਤਿ ਮਿਲਿ ਕੀਨੋ ਦਾਨੁ ॥੩॥
ਸਰਣਿ ਪਰੇ ਪ੍ਰਭ ਅੰਤਰਜਾਮੀ ॥ ਨਾਨਕ ਓਟ ਪਕਰੀ ਪ੍ਰਭ ਸੁਆਮੀ ॥੪॥੧੦੮॥

(੮)

ਗਉੜੀ ਮਹਲਾ ੫ ॥
ਰਾਖੁ ਪਿਤਾ ਪ੍ਰਭ ਮੇਰੇ ॥ ਮੋਹਿ ਨਿਰਗੁਨੁ ਸਭ ਗੁਨ ਤੇਰੇ ॥੧॥ ਰਹਾਉ ॥
ਪੰਚ ਬਿਖਾਦੀ ਏਕੁ ਗਰੀਬਾ ਰਾਖਹੁ ਰਾਖਨਹਾਰੇ ॥ ਖੇਦੁ ਕਰਹਿ ਅਰੁ ਬਹੁਤੁ ਸੰਤਾਵਹਿ ਆਇਓ ਸਰਨਿ ਤੁਹਾਰੇ ॥੧॥
ਕਰਿ ਕਰਿ ਹਾਰਿਓ ਅਨਿਕ ਬਹੁ ਭਾਤੀ ਛੋਡਹਿ ਕਤਹੂੰ ਨਾਹੀ ॥ ਏਕ ਬਾਤ ਸੁਨਿ ਤਾਕੀ ਓਟਾ ਸਾਧਸੰਗਿ ਮਿਟਿ ਜਾਹੀ ॥੨॥
ਕਰਿ ਕਿਰਪਾ ਸੰਤ ਮਿਲੇ ਮੋਹਿ ਤਿਨ ਤੇ ਧੀਰਜੁ ਪਾਇਆ ॥ ਸੰਤੀ ਮੰਤੁ ਦੀਓ ਮੋਹਿ ਨਿਰਭਉ ਗੁਰ ਕਾ ਸਬਦੁ ਕਮਾਇਆ ॥੩॥
ਜੀਤਿ ਲਏ ਓਇ ਮਹਾ ਬਿਖਾਦੀ ਸਹਜ ਸੁਹੇਲੀ ਬਾਣੀ ॥ ਕਹੁ ਨਾਨਕ ਮਨਿ ਭਇਆ ਪਰਗਾਸਾ ਪਾਇਆ ਪਦੁ ਨਿਰਬਾਣੀ ॥੪॥੪॥੧੨੫॥

(੯)

ਬਿਲਾਵਲੁ ਮਹਲਾ ੫ ॥
ਸਰਬ ਕਲਿਆਣ ਕੀਏ ਗੁਰਦੇਵ ॥ ਸੇਵਕੁ ਅਪਨੀ ਲਾਇਓ ਸੇਵ ॥ ਬਿਘਨੁ ਨ ਲਾਗੈ ਜਪਿ ਅਲਖ ਅਭੇਵ ॥੧॥
ਧਰਤਿ ਪੁਨੀਤ ਭਈ ਗੁਨ ਗਾਏ ॥ ਦੁਰਤੁ ਗਇਆ ਹਰਿ ਨਾਮੁ ਧਿਆਏ ॥੧॥ ਰਹਾਉ ॥
ਸਭਨੀ ਥਾਂਈ ਰਵਿਆ ਆਪਿ ॥ ਆਦਿ ਜੁਗਾਦਿ ਜਾ ਕਾ ਵਡ ਪਰਤਾਪੁ ॥ ਗੁਰ ਪਰਸਾਦਿ ਨ ਹੋਇ ਸੰਤਾਪੁ ॥੨॥
ਗੁਰ ਕੇ ਚਰਨ ਲਗੇ ਮਨਿ ਮੀਠੇ ॥ ਨਿਰਬਿਘਨ ਹੋਇ ਸਭ ਥਾਂਈ ਵੂਠੇ ॥ ਸਭਿ ਸੁਖ ਪਾਏ ਸਤਿਗੁਰ ਤੂਠੇ ॥੩॥
ਪਾਰਬ੍ਰਹਮ ਪ੍ਰਭ ਭਏ ਰਖਵਾਲੇ ॥ ਜਿਥੈ ਕਿਥੈ ਦੀਸਹਿ ਨਾਲੇ ॥ ਨਾਨਕ ਦਾਸ ਖਸਮਿ ਪ੍ਰਤਿਪਾਲੇ ॥੪॥੨॥

(੧੦)

ਬਿਲਾਵਲੁ ਮਹਲਾ ੫ ॥

SIKHROOTS.COM 2015

ਚਰਨ ਕਮਲ ਪ੍ਰਭ ਹਿਰਦੈ ਧਿਆਏ ॥ ਰੋਗ ਗਏ ਸਗਲੇ ਸੁਖ ਪਾਏ ॥੧॥
ਗੁਰਿ ਦੁਖੁ ਕਾਟਿਆ ਦੀਨੋ ਦਾਨੁ ॥ ਸਫਲ ਜਨਮੁ ਜੀਵਨ ਪਰਵਾਨੁ ॥੧॥ ਰਹਾਉ ॥
ਅਕਥ ਕਥਾ ਅੰਮ੍ਰਿਤ ਪ੍ਰਭ ਬਾਨੀ ॥ ਕਹੁ ਨਾਨਕ ਜਪਿ ਜੀਵੇ ਗਿਆਨੀ ॥੨॥੨॥੨੦॥

(੧੧)

ਬਿਲਾਵਲੁ ਮਹਲਾ ੫ ॥
ਸਾਂਤਿ ਪਾਈ ਗੁਰਿ ਸਤਿਗੁਰਿ ਪੂਰੇ ॥ ਸੁਖ ਉਪਜੇ ਬਾਜੇ ਅਨਹਦ ਤੂਰੇ ॥੧॥ ਰਹਾਉ ॥
ਤਾਪ ਪਾਪ ਸੰਤਾਪ ਬਿਨਾਸੇ ॥ ਹਰਿ ਸਿਮਰਤ ਕਿਲਵਿਖ ਸਭਿ ਨਾਸੇ ॥੧॥
ਅਨਦੁ ਕਰਹੁ ਮਿਲਿ ਸੁੰਦਰ ਨਾਰੀ ॥ ਗੁਰਿ ਨਾਨਕਿ ਮੇਰੀ ਪੈਜ ਸਵਾਰੀ ॥੨॥੩॥੨੧॥

(੧੨)

ਬਿਲਾਵਲੁ ਮਹਲਾ ੫ ॥
ਸਗਲ ਅਨੰਦੁ ਕੀਆ ਪਰਮੇਸਰਿ ਅਪਣਾ ਬਿਰਦੁ ਸਮ੍ਾਰਿਆ ॥ ਸਾਧ ਜਨਾ ਹੋਏ ਕਿਰਪਾਲਾ ਬਿਗਸੇ ਸਭਿ ਪਰਵਾਰਿਆ ॥੧॥
ਕਾਰਜੁ ਸਤਿਗੁਰਿ ਆਪਿ ਸਵਾਰਿਆ ॥ ਵਡੀ ਆਰਜਾ ਹਰਿ ਗੋਬਿੰਦ ਕੀ ਸੂਖ ਮੰਗਲ ਕਲਿਆਣ ਬੀਚਾਰਿਆ ॥੧॥ ਰਹਾਉ ॥
ਵਣ ਤ੍ਰਿਣ ਤ੍ਰਿਭਵਣ ਹਰਿਆ ਹੋਏ ਸਗਲੇ ਜੀਅ ਸਾਧਾਰਿਆ ॥ ਮਨ ਇਛੇ ਨਾਨਕ ਫਲ ਪਾਏ ਪੂਰਨ ਇਛ ਪੁਜਾਰਿਆ ॥੨॥੫॥੨੩॥

(੧੩)

ਬਿਲਾਵਲੁ ਮਹਲਾ ੫ ॥
ਰੋਗੁ ਗਇਆ ਪ੍ਰਭਿ ਆਪਿ ਗਵਾਇਆ ॥ ਨੀਦ ਪਈ ਸੁਖ ਸਹਜ ਘਰੁ ਆਇਆ ॥੧॥ ਰਹਾਉ ॥
ਰਜਿ ਰਜਿ ਭੋਜਨੁ ਖਾਵਹੁ ਮੇਰੇ ਭਾਈ ॥ ਅੰਮ੍ਰਿਤ ਨਾਮੁ ਰਿਦ ਮਾਹਿ ਧਿਆਈ ॥੧॥
ਨਾਨਕ ਗੁਰ ਪੂਰੇ ਸਰਨਾਈ ॥ ਜਿਨਿ ਅਪਨੇ ਨਾਮ ਕੀ ਪੈਜ ਰਖਾਈ ॥੨॥੮॥੨੬॥

(੧੪)

ਬਿਲਾਵਲੁ ਮਹਲਾ ੫ ॥
ਤਾਪ ਸੰਤਾਪ ਸਗਲੇ ਗਏ ਬਿਨਸੇ ਤੇ ਰੋਗ ॥ ਪਾਰਬ੍ਰਹਮਿ ਤੂ ਬਖਸਿਆ ਸੰਤਨ ਰਸ ਭੋਗ ॥ ਰਹਾਉ ॥
ਸਰਬ ਸੁਖਾ ਤੇਰੀ ਮੰਡਲੀ ਤੇਰਾ ਮਨੁ ਤਨੁ ਆਰੋਗ ॥ ਗੁਨ ਗਾਵਹੁ ਨਿਤ ਰਾਮ ਕੇ ਇਹ ਅਵਖਦ

ਜੋਗ ॥੧॥
ਆਇ ਬਸਹੁ ਘਰ ਦੇਸ ਮਹਿ ਇਹ ਭਲੇ ਸੰਜੋਗ ॥ ਨਾਨਕ ਪ੍ਰਭ ਸੁਪ੍ਰਸੰਨ ਭਏ ਲਹਿ ਗਏ ਬਿਓਗ ॥੨॥੧੦॥੨੮॥

(੧੫)

ਬਿਲਾਵਲੁ ਮਹਲਾ ੫ ॥
ਬੰਧਨ ਕਾਟੇ ਆਪਿ ਪ੍ਰਭਿ ਹੋਆ ਕਿਰਪਾਲ ॥ ਦੀਨ ਦਇਆਲ ਪ੍ਰਭ ਪਾਰਬ੍ਰਹਮ ਤਾ ਕੀ ਨਦਰਿ ਨਿਹਾਲ ॥੧॥
ਗੁਰਿ ਪੂਰੈ ਕਿਰਪਾ ਕਰੀ ਕਾਟਿਆ ਦੁਖੁ ਰੋਗੁ ॥ ਮਨੁ ਤਨੁ ਸੀਤਲੁ ਸੁਖੀ ਭਇਆ ਪ੍ਰਭ ਧਿਆਵਨ ਜੋਗੁ ॥੧॥ ਰਹਾਉ ॥
ਅਉਖਧੁ ਹਰਿ ਕਾ ਨਾਮੁ ਹੈ ਜਿਤੁ ਰੋਗੁ ਨ ਵਿਆਪੈ ॥ ਸਾਧਸੰਗਿ ਮਨਿ ਤਨਿ ਹਿਤੈ ਫਿਰਿ ਦੂਖੁ ਨ ਜਾਪੈ ॥੨॥
ਹਰਿ ਹਰਿ ਹਰਿ ਹਰਿ ਜਾਪੀਐ ਅੰਤਰਿ ਲਿਵ ਲਾਈ ॥ ਕਿਲਵਿਖ ਉਤਰਹਿ ਸੁਧੁ ਹੋਇ ਸਾਧੂ ਸਰਣਾਈ ॥੩॥
ਸੁਨਤ ਜਪਤ ਹਰਿ ਨਾਮ ਜਸੁ ਤਾ ਕੀ ਦੂਰਿ ਬਲਾਈ ॥ ਮਹਾ ਮੰਤ੍ਰੁ ਨਾਨਕੁ ਕਥੈ ਹਰਿ ਕੇ ਗੁਣ ਗਾਈ ॥੪॥੨੩॥੫੩॥

(੧੬)

ਬਿਲਾਵਲੁ ਮਹਲਾ ੫ ॥
ਹਰਿ ਹਰਿ ਹਰਿ ਆਰਾਧੀਐ ਹੋਈਐ ਆਰੋਗ ॥ ਰਾਮਚੰਦ ਕੀ ਲਸਟਿਕਾ ਜਿਨਿ ਮਾਰਿਆ ਰੋਗੁ ॥੧॥ ਰਹਾਉ ॥
ਗੁਰੁ ਪੂਰਾ ਹਰਿ ਜਾਪੀਐ ਨਿਤ ਕੀਚੈ ਭੋਗੁ ॥ ਸਾਧਸੰਗਤਿ ਕੈ ਵਾਰਨੈ ਮਿਲਿਆ ਸੰਜੋਗੁ ॥੧॥
ਜਿਸੁ ਸਿਮਰਤ ਸੁਖੁ ਪਾਈਐ ਬਿਨਸੈ ਬਿਓਗੁ ॥ ਨਾਨਕ ਪ੍ਰਭ ਸਰਣਾਗਤੀ ਕਰਣ ਕਾਰਣ ਜੋਗੁ ॥੨॥੩੪॥੬੪॥

(੧੭)

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੫
ੴ ਸਤਿਗੁਰ ਪ੍ਰਸਾਦਿ ॥
ਅਵਰਿ ਉਪਾਵ ਸਭਿ ਤਿਆਗਿਆ ਦਾਰੂ ਨਾਮੁ ਲਇਆ ॥ ਤਾਪ ਪਾਪ ਸਭਿ ਮਿਟੇ ਰੋਗ ਸੀਤਲ

SIKHROOTS.COM 2015

ਮਨੁ ਭਇਆ ॥੧॥
ਗੁਰੁ ਪੂਰਾ ਆਰਾਧਿਆ ਸਗਲਾ ਦੁਖੁ ਗਇਆ ॥ ਰਾਖਨਹਾਰੈ ਰਾਖਿਆ ਅਪਨੀ ਕਰਿ ਮਇਆ ॥੧॥ ਰਹਾਉ ॥
ਬਾਹ ਪਕੜਿ ਪ੍ਰਭਿ ਕਾਢਿਆ ਕੀਨਾ ਅਪਨਇਆ ॥ ਸਿਮਰਿ ਸਿਮਰਿ ਮਨ ਤਨ ਸੁਖੀ ਨਾਨਕ ਨਿਰਭਇਆ ॥੨॥੧॥੬੫॥

(੧੮)

ਬਿਲਾਵਲੁ ਮਹਲਾ ੫ ॥ ਰੋਗੁ ਮਿਟਾਇਆ ਆਪਿ ਪ੍ਰਭਿ ਉਪਜਿਆ ਸੁਖੁ ਸਾਂਤਿ ॥ ਵਡ ਪਰਤਾਪੁ ਅਚਰਜ ਰੂਪੁ ਹਰਿ ਕੀਨ੍ੀ ਦਾਤਿ ॥੧॥
ਗੁਰਿ ਗੋਵਿੰਦਿ ਕ੍ਰਿਪਾ ਕਰੀ ਰਾਖਿਆ ਮੇਰਾ ਭਾਈ ॥ ਹਮ ਤਿਸ ਕੀ ਸਰਣਾਗਤੀ ਜੋ ਸਦਾ ਸਹਾਈ ॥੧॥ ਰਹਾਉ ॥
ਬਿਰਥੀ ਕਦੇ ਨ ਹੋਵਈ ਜਨ ਕੀ ਅਰਦਾਸਿ ॥ ਨਾਨਕ ਜੋਰੁ ਗੋਵਿੰਦ ਕਾ ਪੂਰਨ ਗੁਣਤਾਸਿ ॥੨॥੧੩॥੭੭॥

(੧੯)

ਬਿਲਾਵਲੁ ਮਹਲਾ ੫ ॥ ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮ ਕਾਰ ਦੁਖੁ ਲਗੈ ਨ ਭਾਈ ॥੧॥
ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ ॥ ਰਾਮ ਨਾਮੁ ਅਉਖਧੁ ਦੀਆ ਏਕਾ ਲਿਵ ਲਾਈ ॥੧॥ ਰਹਾਉ ॥
ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ ॥ ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ ॥੨॥੧੫॥੭੯॥

(੨੦)

ਬਿਲਾਵਲੁ ਮਹਲਾ ੫ ॥ ਅਪਣੇ ਬਾਲਕ ਆਪਿ ਰਖਿਅਨੁ ਪਾਰਬ੍ਰਹਮ ਗੁਰਦੇਵ ॥ ਸੁਖ ਸਾਂਤਿ ਸਹਜ ਆਨਦ ਭਏ ਪੂਰਨ ਭਈ ਸੇਵ ॥੧॥ ਰਹਾਉ ॥
ਭਗਤ ਜਨਾ ਕੀ ਬੇਨਤੀ ਸੁਣੀ ਪ੍ਰਭਿ ਆਪਿ ॥ ਰੋਗ ਮਿਟਾਇ ਜੀਵਾਲਿਅਨੁ ਜਾ ਕਾ ਵਡ ਪਰਤਾਪੁ ॥੧॥ ਦੋਖ ਹਮਾਰੇ ਬਖਸਿਅਨੁ ਅਪਣੀ ਕਲ ਧਾਰੀ ॥ ਮਨ ਬਾਂਛਤ ਫਲ ਦਿਤਿਅਨੁ ਨਾਨਕ ਬਲਿਹਾਰੀ ॥੨॥੧੬॥੮੦॥

(੨੧)

ਬਿਲਾਵਲੁ ਮਹਲਾ ੫ ॥
ਤਾਪੁ ਲਾਹਿਆ ਗੁਰ ਸਿਰਜਨਹਾਰਿ ॥ ਸਤਿਗੁਰ ਅਪਨੇ ਕਉ ਬਲਿ ਜਾਈ ਜਿਨਿ ਪੈਜ ਰਖੀ ਸਾਰੈ ਸੰਸਾਰਿ ॥੧॥ ਰਹਾਉ ॥
ਕਰੁ ਮਸਤਕਿ ਧਾਰਿ ਬਾਲਿਕੁ ਰਖਿ ਲੀਨੋ ॥ ਪ੍ਰਭਿ ਅੰਮ੍ਰਿਤ ਨਾਮੁ ਮਹਾ ਰਸੁ ਦੀਨੋ ॥੧॥ ਦਾਸ ਕੀ ਲਾਜ ਰਖੈ ਮਿਹਰਵਾਨੁ ॥ ਗੁਰੁ ਨਾਨਕੁ ਬੋਲੈ ਦਰਗਹ ਪਰਵਾਨੁ ॥੨॥੬॥੯੬॥
(੨੨)
ਬਿਲਾਵਲੁ ਮਹਲਾ ੫ ॥
ਤਾਪ ਪਾਪ ਤੇ ਰਾਖੇ ਆਪ ॥ ਸੀਤਲ ਭਏ ਗੁਰ ਚਰਨੀ ਲਾਗੇ ਰਾਮ ਨਾਮ ਹਿਰਦੇ ਮਹਿ ਜਾਪ ॥੧॥ ਰਹਾਉ ॥
ਕਰਿ ਕਿਰਪਾ ਹਸਤ ਪ੍ਰਭਿ ਦੀਨੇ ਜਗਤ ਉਧਾਰ ਨਵ ਖੰਡ ਪ੍ਰਤਾਪ ॥ ਦੁਖ ਬਿਨਸੇ ਸੁਖ ਅਨਦ ਪ੍ਰਵੇਸਾ ਤ੍ਰਿਸਨ ਬੁਝੀ ਮਨ ਤਨ ਸਚੁ ਧ੍ਰਾਪ ॥੧॥
ਅਨਾਥ ਕੋ ਨਾਥੁ ਸਰਣਿ ਸਮਰਥਾ ਸਗਲ ਸ੍ਰਿਸਟਿ ਕੋ ਮਾਈ ਬਾਪੁ ॥ ਭਗਤਿ ਵਛਲ ਭੈ ਭੰਜਨ ਸੁਆਮੀ ਗੁਣ ਗਾਵਤ ਨਾਨਕ ਆਲਾਪ ॥੨॥੨੦॥੧੦੬॥
(੨੩)
ਸੋਰਠਿ ਮਹਲਾ ੫ ॥
ਕਰਿ ਇਸਨਾਨੁ ਸਿਮਰਿ ਪ੍ਰਭੁ ਅਪਨਾ ਮਨ ਤਨ ਭਏ ਅਰੋਗਾ ॥ ਕੋਟਿ ਬਿਘਨ ਲਾਥੇ ਪ੍ਰਭ ਸਰਣਾ ਪ੍ਰਗਟੇ ਭਲੇ ਸੰਜੋਗਾ ॥੧॥
ਪ੍ਰਭ ਬਾਣੀ ਸਬਦੁ ਸੁਭਾਖਿਆ ॥ ਗਾਵਹੁ ਸੁਣਹੁ ਪੜਹੁ ਨਿਤ ਭਾਈ ਗੁਰ ਪੂਰੈ ਤੂ ਰਾਖਿਆ ॥ ਰਹਾਉ ॥
ਸਾਚਾ ਸਾਹਿਬੁ ਅਮਿਤਿ ਵਡਾਈ ਭਗਤਿ ਵਛਲ ਦਇਆਲਾ ॥ ਸੰਤਾ ਕੀ ਪੈਜ ਰਖਦਾ ਆਇਆ ਆਦਿ ਬਿਰਦੁ ਪ੍ਰਤਿਪਾਲਾ ॥੨॥
ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ ॥ ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ ॥੩॥
ਸੁਣੀ ਅਰਦਾਸਿ ਸੁਆਮੀ ਮੇਰੈ ਸਰਬ ਕਲਾ ਬਣਿ ਆਈ ॥ ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ ॥੪॥੧੧॥
(੨੪)

SIKHROOTS.COM 2015

ਸੋਰਠਿ ਮਹਲਾ ੫ ॥
ਸੂਖ ਮੰਗਲ ਕਲਿਆਣ ਸਹਜ ਧੁਨਿ ਪ੍ਰਭ ਕੇ ਚਰਣ ਨਿਹਾਰਿਆ ॥ ਰਾਖਨਹਾਰੈ ਰਾਖਿਓ ਬਾਰਿਕੁ ਸਤਿਗੁਰਿ ਤਾਪੁ ਉਤਾਰਿਆ ॥੧॥
ਉਬਰੇ ਸਤਿਗੁਰ ਕੀ ਸਰਣਾਈ ॥ ਜਾ ਕੀ ਸੇਵ ਨ ਬਿਰਥੀ ਜਾਈ ॥ ਰਹਾਉ ॥
ਘਰ ਮਹਿ ਸੂਖ ਬਾਹਰਿ ਫੁਨਿ ਸੂਖਾ ਪ੍ਰਭ ਅਪੁਨੇ ਭਏ ਦਇਆਲਾ ॥ ਨਾਨਕ ਬਿਘਨੁ ਨ ਲਾਗੈ ਕੋਊ ਮੇਰਾ ਪ੍ਰਭੁ ਹੋਆ ਕਿਰਪਾਲਾ ॥੨॥੧੨॥੪੦॥
(੨੫)
ਸੋਰਠਿ ਮਃ ੫ ॥
ਗਏ ਕਲੇਸ ਰੋਗ ਸਭਿ ਨਾਸੇ ਪ੍ਰਭਿ ਅਪੁਨੈ ਕਿਰਪਾ ਧਾਰੀ ॥ ਆਠ ਪਹਰ ਆਰਾਧਹੁ ਸੁਆਮੀ ਪੂਰਨ ਘਾਲ ਹਮਾਰੀ ॥੧॥
ਹਰਿ ਜੀਉ ਤੂ ਸੁਖ ਸੰਪਤਿ ਰਾਸਿ ॥ ਰਾਖਿ ਲੈਹੁ ਭਾਈ ਮੇਰੇ ਕਉ ਪ੍ਰਭ ਆਗੈ ਅਰਦਾਸਿ ॥ ਰਹਾਉ ॥
ਜੋ ਮਾਗਉ ਸੋਈ ਸੋਈ ਪਾਵਉ ਅਪਨੇ ਖਸਮ ਭਰੋਸਾ ॥ ਕਹੁ ਨਾਨਕ ਗੁਰੁ ਪੂਰਾ ਭੇਟਿਓ ਮਿਟਿਓ ਸਗਲ ਅੰਦੇਸਾ ॥੨॥੧੪॥੪੨॥
(੨੬)
ਸੋਰਠਿ ਮਹਲਾ ੫ ॥
ਸਿਮਰਿ ਸਿਮਰਿ ਗੁਰੁ ਸਤਿਗੁਰੁ ਅਪਨਾ ਸਗਲਾ ਦੂਖੁ ਮਿਟਾਇਆ ॥ ਤਾਪ ਰੋਗ ਗਏ ਗੁਰ ਬਚਨੀ ਮਨ ਇਛੇ ਫਲ ਪਾਇਆ ॥੧॥
ਮੇਰਾ ਗੁਰੁ ਪੂਰਾ ਸੁਖਦਾਤਾ ॥ ਕਰਣ ਕਾਰਣ ਸਮਰਥ ਸੁਆਮੀ ਪੂਰਨ ਪੁਰਖੁ ਬਿਧਾਤਾ ॥ ਰਹਾਉ ॥
ਅਨੰਦ ਬਿਨੋਦ ਮੰਗਲ ਗੁਣ ਗਾਵਹੁ ਗੁਰ ਨਾਨਕ ਭਏ ਦਇਆਲਾ ॥ ਜੈ ਜੈ ਕਾਰ ਭਏ ਜਗ ਭੀਤਰਿ ਹੋਆ ਪਾਰਬ੍ਰਹਮੁ ਰਖਵਾਲਾ ॥੨॥੧੫॥੪੩॥
(੨੭)
ਸੋਰਠਿ ਮਹਲਾ ੫ ॥
ਦੁਰਤੁ ਗਵਾਇਆ ਹਰਿ ਪ੍ਰਭਿ ਆਪੇ ਸਭੁ ਸੰਸਾਰੁ ਉਬਾਰਿਆ ॥ ਪਾਰਬ੍ਰਹਮਿ ਪ੍ਰਭਿ ਕਿਰਪਾ ਧਾਰੀ ਅਪਣਾ ਬਿਰਦੁ ਸਮਾਰਿਆ ॥੧॥

SIKHROOTS.COM 2015

ਹੋਈ ਰਾਜੇ ਰਾਮ ਕੀ ਰਖਵਾਲੀ ॥ ਸੂਖ ਸਹਜ ਆਨਦ ਗੁਣ ਗਾਵਹੁ ਮਨੁ ਤਨੁ ਦੇਹ ਸੁਖਾਲੀ ॥ ਰਹਾਉ ॥
ਪਤਿਤ ਉਧਾਰਣੁ ਸਤਿਗੁਰੁ ਮੇਰਾ ਮੋਹਿ ਤਿਸ ਕਾ ਭਰਵਾਸਾ ॥ ਬਖਸਿ ਲਏ ਸਭਿ ਸਚੈ ਸਾਹਿਬਿ ਸੁਣਿ ਨਾਨਕ ਕੀ ਅਰਦਾਸਾ ॥੨॥੧੭॥੪੫॥
(੨੮)
ਸੋਰਠਿ ਮਹਲਾ ੫ ॥
ਬਖਸਿਆ ਪਾਰਬ੍ਰਹਮ ਪਰਮੇਸਰਿ ਸਗਲੇ ਰੋਗ ਬਿਦਾਰੇ ॥ ਗੁਰ ਪੂਰੇ ਕੀ ਸਰਣੀ ਉਬਰੇ ਕਾਰਜ ਸਗਲ ਸਵਾਰੇ ॥੧॥
ਹਰਿ ਜਨਿ ਸਿਮਰਿਆ ਨਾਮ ਅਧਾਰਿ ॥ ਤਾਪੁ ਉਤਾਰਿਆ ਸਤਿਗੁਰਿ ਪੂਰੈ ਅਪਣੀ ਕਿਰਪਾ ਧਾਰਿ ॥ ਰਹਾਉ ॥
ਸਦਾ ਅਨੰਦ ਕਰਹ ਮੇਰੇ ਪਿਆਰੇ ਹਰਿ ਗੋਵਿਦੁ ਗੁਰਿ ਰਾਖਿਆ ॥ ਵਡੀ ਵਡਿਆਈ ਨਾਨਕ ਕਰਤੇ ਕੀ ਸਾਚੁ ਸਬਦੁ ਸਤਿ ਭਾਖਿਆ ॥੨॥੧੮॥੪੬॥
(੨੯)
ਸੋਰਠਿ ਮਹਲਾ ੫ ॥
ਠਾਢਿ ਪਾਈ ਕਰਤਾਰੇ ॥ ਤਾਪੁ ਛੋਡਿ ਗਇਆ ਪਰਵਾਰੇ ॥ ਗੁਰਿ ਪੂਰੈ ਹੈ ਰਾਖੀ ॥ ਸਰਣਿ ਸਚੇ ਕੀ ਤਾਕੀ ॥੧॥
ਪਰਮੇਸਰੁ ਆਪਿ ਹੋਆ ਰਖਵਾਲਾ ॥ ਸਾਂਤਿ ਸਹਜ ਸੁਖ ਖਿਨ ਮਹਿ ਉਪਜੇ ਮਨੁ ਹੋਆ ਸਦਾ ਸੁਖਾਲਾ ॥ ਰਹਾਉ ॥
ਹਰਿ ਹਰਿ ਨਾਮੁ ਦੀਓ ਦਾਰੂ ॥ ਤਿਨਿ ਸਗਲਾ ਰੋਗੁ ਬਿਦਾਰੂ ॥ ਅਪਣੀ ਕਿਰਪਾ ਧਾਰੀ ॥ ਤਿਨਿ ਸਗਲੀ ਬਾਤ ਸਵਾਰੀ ॥੨॥
ਪ੍ਰਭਿ ਅਪਨਾ ਬਿਰਦੁ ਸਮਾਰਿਆ ॥ ਹਮਰਾ ਗੁਣੁ ਅਵਗੁਣੁ ਨ ਬੀਚਾਰਿਆ ॥ ਗੁਰ ਕਾ ਸਬਦੁ ਭਇਓ ਸਾਖੀ ॥ ਤਿਨਿ ਸਗਲੀ ਲਾਜ ਰਾਖੀ ॥੩॥
ਬੋਲਾਇਆ ਬੋਲੀ ਤੇਰਾ ॥ ਤੂ ਸਾਹਿਬੁ ਗੁਣੀ ਗਹੇਰਾ ॥ ਜਪਿ ਨਾਨਕ ਨਾਮੁ ਸਚੁ ਸਾਖੀ ॥ ਅਪੁਨੇ ਦਾਸ ਕੀ ਪੈਜ ਰਾਖੀ ॥੪॥੬॥੫੬॥
(੩੦)

ਬਿਲਾਵਲੁ ਮਹਲਾ ੫ ॥
ਆਗੈ ਪਾਛੈ ਕੁਸਲੁ ਭਇਆ ॥
ਗੁਰਿ ਪੂਰੈ ਪੂਰੀ ਸਭ ਰਾਖੀ ਪਾਰਬ੍ਰਹਮਿ ਪ੍ਰਭਿ ਕੀਨੀ ਮਇਆ ॥੧॥ ਰਹਾਉ ॥
ਮਨਿ ਤਨਿ ਰਵਿ ਰਹਿਆ ਹਰਿ ਪ੍ਰੀਤਮੁ ਦੂਖ ਦਰਦ ਸਗਲਾ ਮਿਟਿ ਗਇਆ ॥
ਸਾਂਤਿ ਸਹਜ ਆਨਦ ਗੁਣ ਗਾਏ ਦੂਤ ਦੁਸਟ ਸਭਿ ਹੋਏ ਖਇਆ ॥੧॥
ਗੁਨੁ ਅਵਗੁਨੁ ਪ੍ਰਭਿ ਕਛੁ ਨ ਬੀਚਾਰਿਓ ਕਰਿ ਕਿਰਪਾ ਅਪੁਨਾ ਕਰਿ ਲਇਆ ॥
ਅਤੁਲ ਬਡਾਈ ਅਚੁਤ ਅਬਿਨਾਸੀ ਨਾਨਕੁ ਉਚਰੈ ਹਰਿ ਕੀ ਜਇਆ ॥੨॥੮॥੧੨੪॥

(੩੧)

ਬਿਲਾਵਲੁ ਮਹਲਾ ੫ ॥
ਪ੍ਰਭ ਜੀ ਤੂ ਮੇਰੇ ਪ੍ਰਾਨ ਅਧਾਰੈ ॥
ਨਮਸਕਾਰ ਡੰਡਉਤਿ ਬੰਦਨਾ ਅਨਿਕ ਬਾਰ ਜਾਉ ਬਾਰੈ ॥੧॥ ਰਹਾਉ ॥
ਊਠਤ ਬੈਠਤ ਸੋਵਤ ਜਾਗਤ ਇਹੁ ਮਨੁ ਤੁਝਹਿ ਚਿਤਾਰੈ ॥
ਸੂਖ ਦੂਖ ਇਸੁ ਮਨ ਕੀ ਬਿਰਥਾ ਤੁਝ ਹੀ ਆਗੈ ਸਾਰੈ ॥੧॥
ਤੂ ਮੇਰੀ ਓਟ ਬਲ ਬੁਧਿ ਧਨੁ ਤੁਮ ਹੀ ਤੁਮਹਿ ਮੇਰੈ ਪਰਵਾਰੈ ॥
ਜੋ ਤੁਮ ਕਰਹੁ ਸੋਈ ਭਲ ਹਮਰੈ ਪੇਖਿ ਨਾਨਕ ਸੁਖ ਚਰਨਾਰੈ ॥੨॥੨॥੮੨॥

(੩੨)

ਗੋਂਡ ਮਹਲਾ ੫ ॥
ਰਾਮ ਰਾਮ ਸੰਗਿ ਕਰਿ ਬਿਉਹਾਰ ॥ ਰਾਮ ਰਾਮ ਰਾਮ ਪ੍ਰਾਨ ਅਧਾਰ ॥
ਰਾਮ ਰਾਮ ਰਾਮ ਕੀਰਤਨੁ ਗਾਇ ॥ ਰਮਤ ਰਾਮੁ ਸਭ ਰਹਿਓ ਸਮਾਇ ॥੧॥
ਸੰਤ ਜਨਾ ਮਿਲਿ ਬੋਲਹੁ ਰਾਮ ॥ ਸਭ ਤੇ ਨਿਰਮਲ ਪੂਰਨ ਕਾਮ ॥੧॥ ਰਹਾਉ ॥
ਰਾਮ ਰਾਮ ਧਨੁ ਸੰਚਿ ਭੰਡਾਰ ॥ ਰਾਮ ਰਾਮ ਰਾਮ ਕਰਿ ਆਹਾਰ ॥
ਰਾਮ ਰਾਮ ਵੀਸਰਿ ਨਹੀ ਜਾਇ ॥ ਕਰਿ ਕਿਰਪਾ ਗੁਰਿ ਦੀਆ ਬਤਾਇ ॥੨॥
ਰਾਮ ਰਾਮ ਰਾਮ ਸਦਾ ਸਹਾਇ ॥ ਰਾਮ ਰਾਮ ਰਾਮ ਲਿਵ ਲਾਇ ॥
ਰਾਮ ਰਾਮ ਜਪਿ ਨਿਰਮਲ ਭਏ ॥ ਜਨਮ ਜਨਮ ਕੇ ਕਿਲਬਿਖ ਗਏ ॥੩॥

ਰਮਤ ਰਾਮ ਜਨਮ ਮਰਣੁ ਨਿਵਾਰੈ ॥ ਉਚਰਤ ਰਾਮ ਭੈ ਪਾਰਿ ਉਤਾਰੈ ॥
ਸਭ ਤੇ ਊਚ ਰਾਮ ਪਰਗਾਸ ॥ ਨਿਸਿ ਬਾਸੁਰ ਜਪਿ ਨਾਨਕ ਦਾਸ ॥੪॥੮॥੧੦॥

(੩੩)

ਸੋਰਠਿ ਮਹਲਾ ੫ ॥

ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ ॥ ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ ॥੧॥

ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ ॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ ॥ ਰਹਾਉ ॥

ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ ਚਿੰਤਾ ਸਗਲ ਬਿਨਾਸੀ ॥ ਕਰਿ ਕਿਰਪਾ ਅਪੁਨੋ ਕਰਿ ਲੀਨਾ ਮਨਿ ਵਸਿਆ ਅਬਿਨਾਸੀ ॥੨॥

ਤਾ ਕਉ ਬਿਘਨੁ ਨ ਕੋਊ ਲਾਗੈ ਜੋ ਸਤਿਗੁਰਿ ਅਪੁਨੈ ਰਾਖੇ ॥ ਚਰਨ ਕਮਲ ਬਸੇ ਰਿਦ ਅੰਤਰਿ ਅੰਮ੍ਰਿਤ ਹਰਿ ਰਸੁ ਚਾਖੇ ॥੩॥

ਕਰਿ ਸੇਵਾ ਸੇਵਕ ਪ੍ਰਭ ਅਪੁਨੇ ਜਿਨਿ ਮਨ ਕੀ ਇਛ ਪੁਜਾਈ ॥ ਨਾਨਕ ਦਾਸ ਤਾ ਕੈ ਬਲਿਹਾਰੈ ਜਿਨਿ ਪੂਰਨ ਪੈਜ ਰਖਾਈ ॥੪॥੧੪॥੨੫॥

(੩੪)

ਸੋਰਠਿ ਮਹਲਾ ੫ ॥

ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥
ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ ਕਰਿ ਭਾਗਾ ॥੧॥

ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥

ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥ ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥੨॥੪॥੬੮॥

(੩੫)

ਭੈਰਉ ਮਹਲਾ ੫ ॥

ਅਪਨੇ ਦਾਸ ਕਉ ਕੰਠਿ ਲਗਾਵੈ ॥ ਨਿੰਦਕ ਕਉ ਅਗਨਿ ਮਹਿ ਪਾਵੈ ॥੧॥

SIKHROOTS.COM 2015

ਪਾਪੀ ਤੇ ਰਾਖੇ ਨਾਰਾਇਣ ॥ ਪਾਪੀ ਕੀ ਗਤਿ ਕਤਹੂ ਨਾਹੀ ਪਾਪੀ ਪਚਿਆ ਆਪ ਕਮਾਇਣ ॥੧॥ ਰਹਾਉ ॥
ਦਾਸ ਰਾਮ ਜੀਉ ਲਾਗੀ ਪ੍ਰੀਤਿ ॥ ਨਿੰਦਕ ਕੀ ਹੋਈ ਬਿਪਰੀਤਿ ॥੨॥
ਪਾਰਬ੍ਰਹਮਿ ਅਪਣਾ ਬਿਰਦੁ ਪ੍ਰਗਟਾਇਆ ॥ ਦੋਖੀ ਅਪਣਾ ਕੀਤਾ ਪਾਇਆ ॥੩॥
ਆਇ ਨ ਜਾਈ ਰਹਿਆ ਸਮਾਈ ॥ ਨਾਨਕ ਦਾਸ ਹਰਿ ਕੀ ਸਰਣਾਈ ॥੪॥੧੩॥

(੩੬)

ਸੋਰਠਿ ਮਹਲਾ ੫ ॥
ਪਰਮੇਸਰਿ ਦਿਤਾ ਬੰਨਾ ॥ ਦੁਖ ਰੋਗ ਕਾ ਡੇਰਾ ਭੰਨਾ ॥ ਅਨਦ ਕਰਹਿ ਨਰ ਨਾਰੀ ॥ ਹਰਿ ਹਰਿ ਪ੍ਰਭਿ ਕਿਰਪਾ ਧਾਰੀ ॥੧॥
ਸੰਤਹੁ ਸੁਖੁ ਹੋਆ ਸਭ ਥਾਈ ॥ ਪਾਰਬ੍ਰਹਮੁ ਪੂਰਨ ਪਰਮੇਸਰੁ ਰਵਿ ਰਹਿਆ ਸਭਨੀ ਜਾਈ ॥ ਰਹਾਉ ॥
ਧੁਰ ਕੀ ਬਾਣੀ ਆਈ ॥ ਤਿਨਿ ਸਗਲੀ ਚਿੰਤ ਮਿਟਾਈ ॥ ਦਇਆਲ ਪੁਰਖ ਮਿਹਰਵਾਨਾ ॥ ਹਰਿ ਨਾਨਕ ਸਾਚੁ ਵਖਾਨਾ ॥੨॥੧੩॥੭੭॥

(੩੭)

ਸੋਰਠਿ ਮਹਲਾ ੫ ॥
ਗੁਰੁ ਪੂਰਾ ਆਰਾਧੇ ॥ ਕਾਰਜ ਸਗਲੇ ਸਾਧੇ ॥ ਸਗਲ ਮਨੋਰਥ ਪੂਰੇ ॥ ਬਾਜੇ ਅਨਹਦ ਤੂਰੇ ॥੧॥
ਸੰਤਹੁ ਰਾਮੁ ਜਪਤ ਸੁਖੁ ਪਾਇਆ ॥ ਸੰਤ ਅਸਥਾਨਿ ਬਸੇ ਸੁਖ ਸਹਜੇ ਸਗਲੇ ਦੂਖ ਮਿਟਾਇਆ ॥੧॥ ਰਹਾਉ ॥
ਗੁਰ ਪੂਰੇ ਕੀ ਬਾਣੀ ॥ ਪਾਰਬ੍ਰਹਮ ਮਨਿ ਭਾਣੀ ॥ ਨਾਨਕ ਦਾਸਿ ਵਖਾਣੀ ॥ ਨਿਰਮਲ ਅਕਥ ਕਹਾਣੀ ॥੨॥੧੮॥੮੨॥

(੩੮)

ਸੋਰਠਿ ਮਹਲਾ ੫ ॥
ਭਇਓ ਕਿਰਪਾਲੁ ਦੀਨ ਦੁਖ ਭੰਜਨੁ ਆਪੇ ਸਭ ਬਿਧਿ ਥਾਟੀ ॥ ਖਿਨ ਮਹਿ ਰਾਖਿ ਲੀਓ ਜਨੁ ਅਪੁਨਾ ਗੁਰ ਪੂਰੈ ਬੇੜੀ ਕਾਟੀ ॥੧॥

SIKHROOTS.COM 2015

ਮੇਰੇ ਮਨ ਗੁਰ ਗੋਵਿੰਦੁ ਸਦ ਧਿਆਈਐ ॥ ਸਗਲ ਕਲੇਸ ਮਿਟਹਿ ਇਸੁ ਤਨ ਤੇ ਮਨ ਚਿੰਦਿਆ ਫਲੁ ਪਾਈਐ ॥ ਰਹਾਉ ॥
ਜੀਅ ਜੰਤ ਜਾ ਕੇ ਸਭਿ ਕੀਨੇ ਪ੍ਰਭੁ ਊਚਾ ਅਗਮ ਅਪਾਰਾ ॥ ਸਾਧਸੰਗਿ ਨਾਨਕ ਨਾਮੁ ਧਿਆਇਆ ਮੁਖ ਊਜਲ ਭਏ ਦਰਬਾਰਾ ॥੨॥੨੭॥੯੧॥
(੩੯)
ਸੋਰਠਿ ਮਹਲਾ ੫ ॥
ਨਾਲਿ ਨਰਾਇਣੁ ਮੇਰੈ ॥ ਜਮਦੂਤੁ ਨ ਆਵੈ ਨੇਰੈ ॥ ਕੰਠਿ ਲਾਇ ਪ੍ਰਭ ਰਾਖੈ ॥ ਸਤਿਗੁਰ ਕੀ ਸਚੁ ਸਾਖੈ ॥੧॥
ਗੁਰਿ ਪੂਰੈ ਪੂਰੀ ਕੀਤੀ ॥ ਦੁਸਮਨ ਮਾਰਿ ਵਿਡਾਰੇ ਸਗਲੇ ਦਾਸ ਕਉ ਸੁਮਤਿ ਦੀਤੀ ॥੧॥ ਰਹਾਉ ॥
ਪ੍ਰਭਿ ਸਗਲੇ ਥਾਨ ਵਸਾਏ ॥ ਸੁਖਿ ਸਾਂਦਿ ਫਿਰਿ ਆਏ ॥ ਨਾਨਕ ਪ੍ਰਭ ਸਰਣਾਏ ॥ ਜਿਨਿ ਸਗਲੇ ਰੋਗ ਮਿਟਾਏ ॥੨॥੨੪॥੮੮॥
(੪੦)
ਬਿਲਾਵਲੁ ॥
ਦਰਮਾਦੇ ਠਾਢੇ ਦਰਬਾਰਿ ॥ ਤੁਝ ਬਿਨੁ ਸੁਰਤਿ ਕਰੈ ਕੋ ਮੇਰੀ ਦਰਸਨੁ ਦੀਜੈ ਖੋਲ੍ਹਿ ਕਿਵਾਰ ॥੧॥ ਰਹਾਉ ॥
ਤੁਮ ਧਨ ਧਨੀ ਉਦਾਰ ਤਿਆਗੀ ਸ੍ਰਵਨਨ੍ਹ ਸੁਨੀਅਤੁ ਸੁਜਸੁ ਤੁਮ੍ਹਾਰ ॥ ਮਾਗਉ ਕਾਹਿ ਰੰਕ ਸਭ ਦੇਖਉ ਤੁਮ੍ਹ ਹੀ ਤੇ ਮੇਰੋ ਨਿਸਤਾਰੁ ॥੧॥
ਜੈਦੇਉ ਨਾਮਾ ਬਿਪ ਸੁਦਾਮਾ ਤਿਨ ਕਉ ਕ੍ਰਿਪਾ ਭਈ ਹੈ ਅਪਾਰ ॥ ਕਹਿ ਕਬੀਰ ਤੁਮ ਸੰਮ੍ਰਥ ਦਾਤੇ ਚਾਰਿ ਪਦਾਰਥ ਦੇਤ ਨ ਬਾਰ ॥੨॥੭॥
(੪੧)
ਭੈਰਉ ਮਹਲਾ ੫ ॥
ਤੂ ਮੇਰਾ ਪਿਤਾ ਤੂਹੈ ਮੇਰਾ ਮਾਤਾ ॥ ਤੂ ਮੇਰੇ ਜੀਅ ਪ੍ਰਾਨ ਸੁਖਦਾਤਾ ॥ ਤੂ ਮੇਰਾ ਠਾਕੁਰੁ ਹਉ ਦਾਸੁ ਤੇਰਾ ॥ ਤੁਝ ਬਿਨੁ ਅਵਰੁ ਨਹੀ ਕੋ ਮੇਰਾ ॥੧॥
ਕਰਿ ਕਿਰਪਾ ਕਰਹੁ ਪ੍ਰਭ ਦਾਤਿ ॥ ਤੁਮ੍ਹਰੀ ਉਸਤਤਿ ਕਰਉ ਦਿਨ ਰਾਤਿ ॥੧॥ ਰਹਾਉ ॥
ਹਮ ਤੇਰੇ ਜੰਤ ਤੂ ਬਜਾਵਨਹਾਰਾ ॥ ਹਮ ਤੇਰੇ ਭਿਖਾਰੀ ਦਾਨੁ ਦੇਹਿ ਦਾਤਾਰਾ ॥ ਤਉ ਪਰਸਾਦਿ

ਰੰਗ ਰਸ ਮਾਣੇ ॥ ਘਟ ਘਟ ਅੰਤਰਿ ਤੁਮਹਿ ਸਮਾਣੇ ॥੨॥
ਤੁਮ੍ਰੀ ਕ੍ਰਿਪਾ ਤੇ ਜਪੀਐ ਨਾਉ ॥ ਸਾਧਸੰਗਿ ਤੁਮਰੇ ਗੁਣ ਗਾਉ ॥ ਤੁਮ੍ਰੀ ਦਇਆ ਤੇ ਹੋਇ ਦਰਦ ਬਿਨਾਸੁ ॥ ਤੁਮਰੀ ਮਇਆ ਤੇ ਕਮਲ ਬਿਗਾਸੁ ॥੩॥
ਹਉ ਬਲਿਹਾਰਿ ਜਾਉ ਗੁਰਦੇਵ ॥ ਸਫਲ ਦਰਸਨੁ ਜਾ ਕੀ ਨਿਰਮਲ ਸੇਵ ॥ ਦਇਆ ਕਰਹੁ ਠਾਕੁਰ ਪ੍ਰਭ ਮੇਰੇ ॥ ਗੁਣ ਗਾਵੈ ਨਾਨਕੁ ਨਿਤ ਤੇਰੇ ॥੪॥੧੮॥੩੧॥

(੪੨)

ਸਾਰਗ ਮਹਲਾ ੫ ॥
ਅਬ ਜਨ ਊਪਰਿ ਕੋ ਨ ਪੁਕਾਰੈ ॥ ਪੂਕਾਰਨ ਕਉ ਜੋ ਉਦਮੁ ਕਰਤਾ ਗੁਰੁ ਪਰਮੇਸਰੁ ਤਾ ਕਉ ਮਾਰੈ ॥੧॥ ਰਹਾਉ ॥
ਨਿਰਵੈਰੈ ਸੰਗਿ ਵੈਰੁ ਰਚਾਵੈ ਹਰਿ ਦਰਗਹ ਓਹੁ ਹਾਰੈ ॥ ਆਦਿ ਜੁਗਾਦਿ ਪ੍ਰਭ ਕੀ ਵਡਿਆਈ ਜਨ ਕੀ ਪੈਜ ਸਵਾਰੈ ॥੧॥
ਨਿਰਭਉ ਭਏ ਸਗਲ ਭਉ ਮਿਟਿਆ ਚਰਨ ਕਮਲ ਆਧਾਰੈ ॥ ਗੁਰ ਕੈ ਬਚਨਿ ਜਪਿਓ ਨਾਉ ਨਾਨਕ ਪ੍ਰਗਟ ਭਇਓ ਸੰਸਾਰੈ ॥੨॥੪੫॥੬੮॥

(੪੩)

ਗੂਜਰੀ ਮਹਲਾ ੫ ॥
ਦੁਇ ਕਰ ਜੋੜਿ ਕਰੀ ਬੇਨੰਤੀ ਠਾਕੁਰੁ ਅਪਨਾ ਧਿਆਇਆ ॥ ਹਾਥ ਦੇਇ ਰਾਖੇ ਪਰਮੇਸਰਿ ਸਗਲਾ ਦੁਰਤੁ ਮਿਟਾਇਆ ॥੧॥
ਠਾਕੁਰ ਹੋਏ ਆਪਿ ਦਇਆਲ ॥ ਭਈ ਕਲਿਆਣ ਆਨੰਦ ਰੂਪ ਹੁਈ ਹੈ ਉਬਰੇ ਬਾਲ ਗੁਪਾਲ ॥੧॥ ਰਹਾਉ ॥
ਮਿਲਿ ਵਰ ਨਾਰੀ ਮੰਗਲੁ ਗਾਇਆ ਠਾਕੁਰ ਕਾ ਜੈਕਾਰੁ ॥ ਕਹੁ ਨਾਨਕ ਤਿਸੁ ਗੁਰ ਬਲਿਹਾਰੀ ਜਿਨਿ ਸਭ ਕਾ ਕੀਆ ਉਧਾਰੁ ॥੨॥੬॥੧੫॥

(੪੪)

ਪਉੜੀ ॥
ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ ॥ ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥ ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ ॥੨੦॥

SIKHROOTS.COM 2015

(੪੫)

ਬਿਲਾਵਲੁ ਮਹਲਾ ੫ ॥

ਜੀਅ ਜੰਤ ਸੁਪ੍ਰਸੰਨ ਭਏ ਦੇਖਿ ਪ੍ਰਭ ਪਰਤਾਪ ॥ ਕਰਜੁ ਉਤਾਰਿਆ ਸਤਿਗੁਰੂ ਕਰਿ ਆਹਰੁ ਆਪ ॥੧॥

ਖਾਤ ਖਰਚਤ ਨਿਬਹਤ ਰਹੈ ਗੁਰ ਸਬਦੁ ਅਖੂਟ ॥ ਪੂਰਨ ਭਈ ਸਮਗਰੀ ਕਬਹੂ ਨਹੀ ਤੂਟ ॥੧॥ ਰਹਾਉ ॥

ਸਾਧਸੰਗਿ ਆਰਾਧਨਾ ਹਰਿ ਨਿਧਿ ਆਪਾਰ ॥ ਧਰਮ ਅਰਥ ਅਰੁ ਕਾਮ ਮੋਖ ਦੇਤੇ ਨਹੀ ਬਾਰ ॥੨॥

ਭਗਤ ਅਰਾਧਹਿ ਏਕ ਰੰਗਿ ਗੋਬਿੰਦ ਗੁਪਾਲ ॥ ਰਾਮ ਨਾਮ ਧਨੁ ਸੰਚਿਆ ਜਾ ਕਾ ਨਹੀ ਸੁਮਾਰੁ ॥੩॥

ਸਰਨਿ ਪਰੇ ਪ੍ਰਭ ਤੇਰੀਆ ਪ੍ਰਭ ਕੀ ਵਡਿਆਈ ॥ ਨਾਨਕ ਅੰਤੁ ਨ ਪਾਈਐ ਬੇਅੰਤ ਗੁਸਾਈ ॥੪॥੩੨॥੬੨॥

(੪੬)

ਪਉੜੀ ॥

ਜਾ ਤੂ ਮੇਰੈ ਵਲਿ ਹੈ ਤਾ ਕਿਆ ਮੁਹਛੰਦਾ ॥ ਤੁਧੁ ਸਭੁ ਕਿਛੁ ਮੈਨੋ ਸਉਪਿਆ ਜਾ ਤੇਰਾ ਬੰਦਾ ॥ ਲਖਮੀ ਤੋਟਿ ਨ ਆਵਈ ਖਾਇ ਖਰਚਿ ਰਹੰਦਾ ॥ ਲਖ ਚਉਰਾਸੀਹ ਮੇਦਨੀ ਸਭ ਸੇਵ ਕਰੰਦਾ ॥ ਏਹ ਵੈਰੀ ਮਿਤ੍ਰ ਸਭਿ ਕੀਤਿਆ ਨਹ ਮੰਗਹਿ ਮੰਦਾ ॥ ਲੇਖਾ ਕੋਇ ਨ ਪੁਛਈ ਜਾ ਹਰਿ ਬਖਸੰਦਾ ॥ ਅਨੰਦੁ ਭਇਆ ਸੁਖੁ ਪਾਇਆ ਮਿਲਿ ਗੁਰ ਗੋਵਿੰਦਾ ॥ ਸਭੇ ਕਾਜ ਸਵਾਰਿਐ ਜਾ ਤੁਧੁ ਭਾਵੰਦਾ ॥੭॥

SIKHROOTS.COM 2015